ਭਾਈਚਾਰੇ ਸੰਬੰਧੀ ਸੇਵਾਵਾਂ ਲਈ ਸੰਯੁਕਤ ਰਾਜ ਦਾ ਨਿਆਂ ਵਿਭਾਗ (U.S. Department of Justice Community Relations Service)

LGBTQ ਭਾਈਚਾਰਿਆਂ ਨਾਲ ਕੰਮ ਕਰਨਾ

ਵਧੇਰੇ ਸੁਰੱਖਿਅਤ, ਜ਼ਿਆਦਾ ਸ਼ਾਂਤੀਪੂਰਨ ਭਾਈਚਾਰੇ ਬਣਾਉਣ ਲਈ

ਭਾਈਚਾਰੇ ਸੰਬੰਧੀ ਸੇਵਾਵਾਂ ਲਈ ਸੰਯੁਕਤ ਰਾਜ ਦਾ ਨਿਆਂ ਵਿਭਾਗ (U.S. Department of Justice Community Relations Service, CRS) ਸਮਲਿੰਗੀ ਇਸਤਰੀ, ਸਮਲਿੰਗੀ ਪੁਰਸ਼, ਦੋ-ਲਿੰਗੀ, ਟ੍ਰਾਂਸਜੈਂਡਰ, ਸਮਲਿੰਗ ਭੋਗੀ ਅਤੇ ਗੈਰ-ਜਿਨਸੀ ਰੁਝਾਨੀ (LGBTQ) ਭਾਈਚਾਰਿਆਂ ਦੇ ਖਿਲਾਫ਼ ਨਫ਼ਰਤ ਨਾਲ ਹੋਣ ਵਾਲੇ ਅਪਰਾਧਾਂ ਨੂੰ ਸਮਰਥਿਤ ਗੱਲਬਾਤ, ਸਿਖਲਾਈ, ਸਲਾਹ-ਮਸ਼ਵਰੇ, ਅਤੇ ਵਿਚੋਲਗੀ ਦੇ ਰਾਹੀਂ ਰੋਕਣ ਅਤੇ ਉਹਨਾਂ ਦਾ ਜਵਾਬ ਦੇਣ ਲਈ ਕੰਮ ਕਰਦਾ ਹੈ। ਸੀ.ਆਰ.ਐਸ. (CRS) ਵੱਲੋਂ LGBTQ ਭਾਈਚਾਰਿਆਂ, ਕਨੂੰਨ ਅਮਲੀਕਰਨ ਅਤੇ ਸਰਕਾਰੀ ਅਧਿਕਾਰੀਆਂ, ਵਿੱਦਿਅਕ ਪੇਸ਼ੇਵਰਾਂ, ਅਤੇ ਹੋਰ ਭਾਈਚਾਰੇ ਦੇ ਮੈਂਬਰਾਂ ਅਤੇ ਆਗੂਆਂ ਵਿਚਕਾਰ ਸੰਚਾਰ ਅਤੇ ਸਮਝ ਨੂੰ ਬਿਹਤਰ ਬਣਾਉਣ ਲਈ ਮਦਦ ਕਰਨ ਵਾਸਤੇ ਸੇਵਾਵਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ, ਤਾਂ ਕਿ ਭਾਈਵਾਲੀਆਂ, ਜਨਤਕ ਸੁਰੱਖਿਆ, ਅਤੇ ਨਫ਼ਰਤ ਅਪਰਾਧਾਂ ਦੀ ਪ੍ਰਤੀਕਿਰਿਆਵਾਂ ਨੂੰ ਬਿਹਤਰ ਕੀਤਾ ਜਾ ਸਕੇ।

ਪ੍ਰੋਗਰਾਮ ਅਤੇ ਸੇਵਾਵਾਂ ਕਨੂੰਨ ਅਮਲੀਕਰਨ ਅਤੇ ਟ੍ਰਾਂਸਜੈਂਡਰ ਭਾਈਚਾਰੇ ਸੰਬੰਧੀ ਸਿਖਲਾਈ

ਸੀ.ਆਰ.ਐਸ. (CRS) ਵੱਲੋਂ ਤਿੰਨ ਘੰਟੇ ਦੇ ਇੱਕ ਸਿਖਲਾਈ ਪ੍ਰੋਗਰਾਮ ਦੀ ਪੇਸ਼ਕਸ਼ ਕੀਤੀ ਜਾਂਦੀ ਹੈ ਜਿਸ ਵਿੱਚ ਕਨੂੰਨ ਅਮਲੀਕਰਨ ਅਧਿਕਾਰੀਆਂ, ਸਭ ਤੋਂ ਪਹਿਲਾਂ ਮੌਕੇ 'ਤੇ ਪਹੁੰਚਣ ਵਾਲੇ ਅਧਿਕਾਰੀਆਂ, ਅਤੇ ਹੋਰ ਸੇਵਾ ਪ੍ਰਦਾਨਕਾਂ ਨੂੰ ਵਿਸ਼ਾ ਮਾਹਰਾਂ ਕੋਲੋਂ ਟ੍ਰਾਂਸਜੈਂਡਰ ਭਾਈਚਾਰੇ ਨੂੰ ਪ੍ਰਭਾਵਿਤ ਕਰ ਰਹੀਆਂ ਸਮੱਸਿਆਵਾਂ ਬਾਰੇ, ਅਤੇ ਨਾਲ ਹੀ ਭਾਈਵਾਲੀਆਂ ਵਿੱਚ ਸੁਧਾਰ ਕਰਨ ਲਈ ਬਿਹਤਰੀਨ ਪ੍ਰਥਾਵਾਂ, ਨੀਤੀਆਂ ਰਣਨੀਤੀਆਂ ਬਾਰੇ ਸਿੱਖਣ ਦਾ ਇੱਕ ਮੌਕਾ ਪ੍ਰਦਾਨ ਕੀਤਾ ਜਾਂਦਾ ਹੈ LGBTQ ਇਵੈਂਟ ਪ੍ਰਬੰਧਕਾਂ ਨੂੰ ਬਿਹਤਰੀਨ ਪ੍ਰਥਾਵਾਂ ਬਾਰੇ ਸਿਖਲਾਈ ਦੇਣਾ। ਇਸ ਤੋਂ ਇਲਾਵਾ, ਸੀ.ਆਰ.ਐਸ. (CRS) ਵੱਲੋਂ ਇੱਕ ਰੋਲ ਕਾਲ ਸਿਖਲਾਈ ਵੀਡੀਓ ਦੀ ਪੇਸ਼ਕਸ਼ ਕੀਤੀ ਜਾਂਦੀ ਹੈ ਜਿਸਦੇ ਵਿੱਚ ਆਪਸੀ ਸਤਿਕਾਰ ਅਤੇ ਪੇਸ਼ੇਵਰ ਅੰਤਰਕਿਰਿਆਵਾਂ ਦੀ ਸਹੂਲਤ ਪ੍ਰਦਾਨ ਕਰਨ ਦੇ ਉਦੇਸ਼ ਨਾਲ ਟ੍ਰਾਂਸਜੈਂਡਰ ਭਾਈਚਾਰੇ ਦੇ ਮੈਂਬਰਾਂ ਅਤੇ ਕਨੂੰਨ ਅਮਲੀਕਰਨ ਅਧਿਕਾਰੀਆਂ ਦੇ ਵਿਚਕਾਰ ਹੋਣ ਵਾਲੀਆਂ ਸਭ ਤੋਂ ਆਮ ਅੰਤਰਕਿਰਿਆਵਾਂ ਦੇ ਦ੍ਰਿਸ਼ਾਂ ਨੂੰ ਪੇਸ਼ ਕੀਤਾ ਜਾਂਦਾ ਹੈ।

ਸਮਰਥਿਤ ਗੱਲਬਾਤ

LGBTQ ਭਾਈਚਾਰਿਆਂ ਨੂੰ ਨਿਸ਼ਾਨਾ ਬਣਾ ਕੇ ਕੀਤੇ ਗਏ ਕਥਿਤ ਨਫ਼ਰਤ ਅਪਰਾਧਾਂ ਅਤੇ ਪੱਖਪਾਤੀ ਘਟਨਾਵਾਂ ਤੋਂ ਪੈਦਾ ਹੋਣ ਵਾਲੇ ਵਿਵਾਦ ਅਤੇ ਤਣਾਅ ਦੇ ਜਵਾਬ ਵਿੱਚ, ਸੀ.ਆਰ.ਐਸ. (CRS) ਵੱਲੋਂ ਭਾਈਚਾਰੇ ਦੇ ਆਗੂਆਂ, ਕਨੂੰਨ ਅਮਲੀਕਰਨ ਅਤੇ ਸ਼ਹਿਰੀ ਅਧਿਕਾਰੀਆਂ, ਅਤੇ ਹੋਰ LGBTQ ਭਾਈਚਾਰੇ ਦੇ ਹਿੱਸੇਦਾਰਾਂ ਨੂੰ ਸੱਦਿਆ ਜਾਂਦਾ ਹੈ, ਤਾਂ ਕਿ ਸਮੱਸਿਆਵਾਂ ਦੀ ਪਛਾਣ ਕੀਤੀ ਜਾ ਸਕੇ, ਸੰਚਾਰ ਵਿੱਚ ਸੁਧਾਰ ਕੀਤਾ ਜਾ ਸਕੇ, ਅਤੇ ਹੱਲ ਵਿਕਸਿਤ ਕੀਤੇ ਜਾ ਸਕਣ। ਇਹ ਸੰਵਾਦ ਹਰ ਇੱਕ ਭਾਈਚਾਰੇ ਅਤੇ ਸਥਿਤੀ ਦੇ ਹਿਸਾਬ ਨਾਲ ਵਿਉਂਤਬੱਧ ਕੀਤੇ ਜਾ ਸਕਦੇ ਹਨ, ਜਿਸ ਵਿੱਚ ਸਕੂਲ, ਆਂਢ-ਗੁਆਂਢ, ਅਤੇ ਸ਼ਹਿਰੀ ਵਿਵਸਥਾਵਾਂ ਸ਼ਾਮਲ ਹਨ।

ਪੱਖਪਾਤੀ ਘਟਨਾਵਾਂ ਅਤੇ ਨਫ਼ਰਤ ਅਪਰਾਧਾਂ ਸੰਬੰਧੀ ਫੋਰਮ

ਸੀ.ਆਰ.ਐਸ. (CRS) LGBTQ ਸੰਸਥਾਵਾਂ ਅਤੇ ਆਗੂਆਂ ਨਾਲ ਮਿਲ ਕੇ ਫੋਰਮ ਚਲਾਉਣ ਦਾ ਕੰਮ ਕਰਦਾ ਹੈ ਜਿਸ ਤਹਿਤ ਸਥਾਨਕ ਅਤੇ ਫੈਡਰਲ ਕਨੂੰਨ ਅਮਲੀਕਰਨ ਅਧਿਕਾਰੀਆਂ ਅਤੇ ਭਾਈਚਾਰਾ-ਆਧਾਰਿਤ ਸੰਸਥਾਵਾਂ ਨੂੰ ਸੱਦਿਆ ਜਾਂਦਾ ਹੈ ਤਾਂ ਕਿ ਪੱਖਪਾਤੀ ਘਟਨਾਵਾਂ ਅਤੇ ਨਫ਼ਰਤ ਅਪਰਾਧਾਂ ਨਾਲ ਨਜਿੱਠਣ ਲਈ ਅਤੇ ਉਹਨਾਂ ਦਾ ਜਵਾਬ ਦੇਣ ਲਈ ਵਿਧੀਆਂ ਨੂੰ ਸਾਂਝਾ ਕੀਤਾ ਜਾ ਸਕੇ। ਇਹ ਫੋਰਮ ਹਿੱਸੇਦਾਰਾਂ ਵਿਚਕਾਰ ਜਾਣਕਾਰੀ ਦਾ ਆਦਾਨ-ਪ੍ਰਦਾਨ ਕਰਨ ਅਤੇ ਆਪਸੀ ਸੰਬੰਧਾਂ ਨੂੰ ਮਜ਼ਬੂਤ ਕਰਨ ਦੀ ਸਹੂਲਤ ਪ੍ਰਦਾਨ ਕਰਦੇ ਹਨ।

ਵਿਚੋਲਗੀ

ਸੀ.ਆਰ.ਐਸ. (CRS) ਵੱਲੋਂ ਵਿਵਾਦ ਵਿੱਚ ਘਿਰੇ LGBTQ ਭਾਈਚਾਰਿਆਂ ਅਤੇ ਹੋਰ ਹਿੱਸੇਦਾਰਾਂ ਦੀ ਸਹਾਇਤਾ ਕਰਨ ਲਈ ਤੀਜੀ-ਧਿਰ ਦੇ ਤੌਰ 'ਤੇ, ਨਿਰਪੱਖ, ਅਤੇ ਗੁਪਤ ਵਿਚੋਲਗੀ ਸੇਵਾਵਾਂ ਦੀ ਪੇਸ਼ਕਸ਼ ਕੀਤੀ ਜਾਂਦੀ ਹੈ। ਸੀ.ਆਰ.ਐਸ. (CRS) ਵੱਲੋਂ ਆਪਸੀ ਸਹਿਮਤੀ ਨਾਲ ਉਹਨਾਂ ਹੱਲਾਂ ਤੱਕ ਪਹੁੰਚਣ ਵਿੱਚ ਸਾਰੀਆਂ ਧਿਰਾਂ ਦੀ ਮਦਦ ਕੀਤੀ ਜਾਂਦੀ ਹੈ ਜੋ ਅਸਲ ਜਾਂ ਸਮਝੀਆਂ ਜਾਂਦੀਆਂ LGBTQ-ਵਿਰੋਧੀ ਪੱਖਪਤੀ ਘਟਨਾਵਾਂ ਅਤੇ ਨਫ਼ਰਤ ਅਪਰਾਧਾਂ ਨਾਲ ਸੰਬੰਧਿਤ ਵਿਵਾਦਾਂ ਅਤੇ ਤਣਾਅ ਨੂੰ ਸੰਬੋਧਿਤ ਕਰਦੇ ਹੋਣ।

ਜਨਤਕ ਇਵੈਂਟ ਦੀ ਯੋਜਨਾਬੰਦੀ

ਸੀ.ਆਰ.ਐਸ. (CRS) ਵੱਲੋਂ ਉਹਨਾਂ LGBTQ ਸੰਸਥਾਵਾਂ ਨੂੰ ਸਹੂਲਤ ਪ੍ਰਦਾਨ ਕਰਨ, ਸੰਕਟਕਾਲੀਨ ਯੋਜਨਾਬੰਦੀ, ਅਤੇ ਇਵੈਂਟ ਮਾਰਸ਼ਲ ਸੰਬੰਧੀ ਸਿਖਲਾਈ ਪ੍ਰਦਾਨ ਕੀਤੀ ਜਾਂਦੀ ਹੈ ਜੋ ਜਨਤਕ ਇਵੈਂਟ ਕਰਵਾਉਣ ਦੀ ਯੋਜਨਾ ਕਰ ਰਹੇ ਹੋਣ, ਜਿਵੇਂ ਕਿ ਅਭਿਮਾਨ (pride) ਮਾਰਚ, ਮੁਜ਼ਾਹਰੇ, ਜਾਂ ਰੈਲੀਆਂ। ਇਹ ਸੇਵਾਵਾਂ ਇਵੈਂਟ ਦੌਰਾਨ ਜਨਤਕ ਸੁਰੱਖਿਆ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰਦੀਆਂ ਹਨ।

ਸੀ.ਆਰ.ਐਸ. ਵੱਲੋਂ LGBTQ ਭਾਈਚਾਰੇ ਲਈ ਕੀਤੇ ਜਾਂਦੇ ਕੰਮਾਂ ਵਿੱਚ ਸ਼ਾਮਲ ਹਨ:

[illegible]

ਸੀ.ਆਰ.ਐਸ. (CRS) ਬਾਰੇ

1964 ਦੇ ਨਾਗਰਿਕ ਅਧਿਕਾਰ ਅਧਿਨਿਯਮ (Civil Rights Act of 1964) ਦੇ ਸਿਰਲੇਖ X ਦੁਆਰਾ ਸਥਾਪਿਤ ਕੀਤੇ, ਸੀ.ਆਰ.ਐਸ. (CRS) ਦੀਆਂ ਸੇਵਾਵਾਂ ਦਾ ਵਿਸਤਾਰ 2009 ਦੇ ਮੈਥਿਊ ਸ਼ੈਫ਼ਰਡ ਅਤੇ ਜੇਮਸ ਬਾਯਰਡ ਜੂਨੀਅਰ, ਨਫ਼ਰਤ ਅਪਰਾਧ ਰੋਕਥਾਮ ਅਧਿਨਿਯਮ (Matthew Shepard and James Byrd, Jr., Hate Crimes Prevention Act of 2009) ਦੁਆਰਾ ਹੋਇਆ। ਸੀ.ਆਰ.ਐਸ. (CRS), ਸਯੁੰਕਤ ਰਾਜ ਦੇ ਨਿਆਂ ਵਿਭਾਗ ਦਾ ਇੱਕ ਹਿੱਸਾ, ਉਹਨਾਂ ਭਾਈਚਾਰਿਆਂ ਲਈ "ਅਮਰੀਕਾ ਦੇ ਸ਼ਾਂਤੀਦੂਤ" ਦਾ ਕੰਮ ਕਰਦਾ ਹੈ ਜੋ ਨਸਲ, ਰੰਗ, ਰਾਸ਼ਟਰੀ ਮੂਲ, ਲਿੰਗ, ਲਿੰਗ ਪਛਾਣ, ਜਿਨਸੀ ਰੁਝਾਨ, ਧਰਮ, ਅਤੇ ਅਯੋਗਤਾ ਦੇ ਆਧਾਰ 'ਤੇ ਤਣਾਅ ਜਾਂ ਵਿਵਾਦ ਦਾ ਸਾਹਮਣਾ ਕਰ ਰਹੇ ਹਨ। ਸੀ.ਆਰ.ਐਸ. (CRS) ਵੱਲੋਂ ਪ੍ਰਦਾਨ ਕੀਤੀਆਂ ਜਾਂਦੀਆਂ ਸੇਵਾਵਾਂ ਦੇ ਰਾਹੀਂ, ਏਜੰਸੀ ਇਹੋ ਜਿਹੇ ਭਾਈਚਾਰਿਆਂ ਦੇ ਮੈਂਬਰਾਂ ਦੀ ਵੱਧ ਰਹੇ ਗਿਆਨ, ਸਮਝ ਅਤੇ ਬਿਹਤਰ ਅੰਦਰੂਨੀ ਸੰਚਾਰ ਰਾਹੀਂ ਸੁਤੰਤਰ ਤੌਰ 'ਤੇ ਅਤੇ ਇੱਕ ਦੂਜੇ ਨਾਲ ਸਹਿਯੋਗ ਕਰਕੇ ਭਵਿੱਖ ਵਿੱਚ ਹੋਣ ਵਾਲੇ ਵਿਵਾਦਾਂ ਨੂੰ ਰੋਕਣ ਅਤੇ ਉਹਨਾਂ ਦਾ ਹੱਲ ਕਰਨ ਦੀ ਸਮਰੱਥ ਨੂੰ ਵਧਾਉਂਦੀ ਹੈ।

ਸੀ.ਆਰ.ਐਸ. (CRS) ਦੀਆਂ ਸੇਵਾਵਾਂ ਅਤੇ ਪ੍ਰੋਗਰਾਮ

ਸੀ.ਆਰ.ਐਸ (CRS) ਵੱਲੋਂ ਤਣਾਅ ਦਾ ਸਾਹਮਣਾ ਕਰ ਰਹੇ ਭਾਈਚਾਰਿਆਂ ਲਈ ਪ੍ਰੋਗਰਾਮਾਂ ਦੀ ਇੱਕ ਲੜੀ ਪ੍ਰਦਾਨ ਕੀਤੀ ਜਾਂਦੀ ਹੈ, ਜਿਸ ਨੂੰ ਉਹ ਸਮਝ ਪੈਦਾ ਕਰਨ, ਸਹਿਕਾਰਤਾ ਨੂੰ ਸੁਧਾਰਨ, ਅਤੇ ਭਵਿੱਖ ਵਿੱਚ ਹੋ ਸਕਣ ਵਾਲੇ ਮੱਤ-ਭੇਦਾਂ ਦੀ ਰੋਕਥਾਮ ਲਈ ਇੱਕ ਟੂਲ ਵਜੋਂ ਵਰਤ ਸਕਦੇ ਹਨ। ਸੀ.ਆਰ.ਐਸ. (CRS) ਦੇ ਕਰਮਚਾਰੀ ਪੇਸ਼ਾਵਰ ਵਿਚੋਲੇ, ਸਹਾਇਕ, ਸਿੱਖਿਅਕ, ਅਤੇ ਸਲਾਹਕਾਰ ਹਨ ਜੋ ਕਿ ਭਾਈਚਾਰੇ ਦੇ ਮੈਂਬਰਾਂ ਨੂੰ ਇਕੱਠੇ ਕਰਕੇ ਉਹਨਾਂ ਦੀ ਮੌਜੂਦਾ ਵਿਵਾਦਾਂ ਦਾ ਹੱਲ ਕਰਨ ਅਤੇ ਭਵਿੱਖ ਵਿੱਚ ਹੋ ਸਕਣ ਵਾਲੇ ਵਿਵਾਦਾਂ ਦੀ ਰੋਕਥਾਮ ਕਰਨ ਦੀ ਸਮਰੱਥਾ ਨੂੰ ਹੋਰ ਵਧਾਉਣ ਵਿੱਚ ਅਨੁਭਵ ਰੱਖਦੇ ਹਨ।

ਅਸੀਂ ਕਿੱਥੇ ਕੰਮ ਕਰਦੇ ਹਾਂ

ਸੀ.ਆਰ.ਐਸ. (CRS) ਹੈੱਡਕੁਆਰਟਰ
ਵਾਸ਼ਿੰਗਟਨ, ਡੀ.ਸੀ.

ਸੀ.ਆਰ.ਐਸ. (CRS) ਦੇ ਖੇਤਰੀ ਦਫ਼ਤਰ

ਨਿਊ ਇੰਗਲੈਂਡ
ਬਾਸਟਨ, ਮੈਸਾਚੂਸੇਟਸ

ਮਿਡਵੈਸਟ
ਸ਼ਿਕਾਗੋ, ਇੱਲੀਨਾਏ

ਵੈਸਟਰਨ
ਲਾਸ ਐਂਜਲਿਸ, ਕੈਲੀਫੋਰਨੀਆ

ਨਾਰਥਈਸਟ
ਨਿਊ ਯਾਰਕ, ਨਿਊ ਯਾਰਕ

ਸਾਊਥਵੈਸਟ
ਡੈਲਾਸ, ਟੈਕਸਸ

ਨਾਰਥਵੈਸਟ
ਸੀਐਟਲ, ਵਾਸ਼ਿੰਗਟਨ

ਮਿਡ-ਅਟਲਾਂਟਿਕ
ਫ਼ਿਲਾਡੈਲਫਿਆ, ਪੈਨਸਿਲਵੇਨਿਆ

ਸੈਂਟਰਲ
ਕੈਨਸਾਸ ਸਿਟੀ, ਮਿਜ਼ੂਰੀ

ਸੀ.ਆਰ.ਐਸ. (CRS) ਦੇ ਫੀਲਡ ਦਫ਼ਤਰ

ਸਾਊਥਈਸਟ
ਅਟਲਾਂਟਾ, ਜਾਰਜੀਆ

ਰੋਕੀ ਮਾਊਂਟੇਨ
ਡੈਨਵਰ, ਕੋਲੋਰਾਡੋ

ਮਿਆਮੀ, ਫਲੋਰੀਡਾ
ਡਿਟਰਾਇਟ, ਮਿੱਸ਼ੀਗਨ

ਹੂਸਟਨ, ਟੈਕਸਾਸ
ਸੈਨ ਫ੍ਰਾਂਸਿਸਕੋ, ਕੈਲੀਫੋਰਨੀਆ



ਸਾਡੇ ਤੱਕ ਪਹੁੰਚੋ, ਅਤੇ ਸਾਡੇ ਨਾਲ ਜੁੜੋ

www.justice.gov/crs

facebook.com/DOJCRS/ | @DOJ_CRS | askcrs@usdoj.gov | 202.305.2935

ਇਸ ਪ੍ਰੋਗਰਾਮ ਬਾਰੇ ਜਾਂ ਸੀ.ਆਰ.ਐਸ. (CRS) ਦੀਆਂ ਹੋਰ ਸੇਵਾਵਾਂ ਬਾਰੇ ਵਧੇਰੇ ਜਾਣਕਾਰੀ ਲਈ, ਕਿਰਪਾ ਕਰਕੇ ਆਪਣੇ ਸਥਾਨਕ ਸੀ.ਆਰ.ਐਸ. (CRS) ਦਫ਼ਤਰ ਨਾਲ ਸੰਪਰਕ ਕਰੋ:
https://www.justice.gov/crs/about-crs/regional-and-field-offices